ਜਿਲਾ ਲੋਕ ਸੰਪਰਕ ਅਫਸਰ ਫਰੀਦਕੋਟ

ਸਿਵਲ ਹਸਪਤਾਲ ਫਰੀਦਕੋਟ ਵਿਖੇ ਫਲੂ ਕਾਰਨਰ ਸਥਾਪਤ

•ਬੁਖਾਰ ,ਖੰਘ ਅਤੇ ਜ਼ੁਕਾਮ ਆਦਿ ਵਾਲੇ ਆਮ ਮਰੀਜ਼ਾਂ ਦੀ ਕੀਤੀ ਜਾਵੇਗੀ ਜਾਂਚ ਅਤੇ ਇਲਾਜ

•ਮਰੀਜ਼ ਦੇ ਸਾਰੇ ਟੈਸਟ ਵਾਰਡ ਵਿੱਚ ਹਾਜ਼ਰ ਸਟਾਫ ਵੱਲੋਂ ਕਰਵਾਏ ਜਾਣਗੇ

•ਸਵੇਰੇ 9 ਵਜੇ ਤੋਂ ਸ਼ਾਮ 3 ਵਜੇ ਤੱਕ ਕੀਤੀ ਜਾਵੇਗੀ ਮਰੀਜ਼ਾਂ ਦੀ ਜਾਂਚ

ਇਲਾਜ ਜਾਂ ਜਾਂਚ ਵੇਲੇ ਸੋਸ਼ਲ ਡਿਸਟੈਂਸ ਦਾ ਰੱਖਿਆ ਜਾਵੇਗਾ ਵਿਸ਼ੇਸ਼ ਖਿਆਲ

ਫਰੀਦਕੋਟ ,6 ਅਪ੍ਰੈਲ -(         )-ਸਿਵਲ ਹਸਪਤਾਲ ਫਰੀਦਕੋਟ ਵਿਖੇ ਬੁਖਾਰ ,ਖੰਘ ,ਜ਼ੁਕਾਮ ਆਦਿ ਫਲੂ ਦੇ ਰੋਗਾਂ ਦੀ ਸਪੈਸ਼ਲ ਜਾਂਚ ਲਈ ਹਸਪਤਾਲ ਵਿਖੇ ਵਿਸ਼ੇਸ਼ ਫਲੂ ਕਾਰਨਰ ਦੀ ਸਥਾਪਨਾ ਕੀਤੀ ਗਈ ਹੈ ।ਇਹ ਜਾਣਕਾਰੀ ਐਸ. ਐਮ.ਓ ਡਾ: ਚੰਦਰ ਸ਼ੇਖਰ ਨੇ ਦਿੱਤੀ ।

ਡਾ: ਚੰਦਰ ਸ਼ੇਖਰ ਨੇ ਦੱਸਿਆ ਕਿ ਸਿਹਤ ਵਿਭਾਗ ਫਰੀਦਕੋਟ ਵੱਲੋਂ ਕਰੋਨਾ ਮਹਾਂਮਾਰੀ ਦੇ ਜ਼ਿਲ੍ਹੇ ਵਿੱਚ ਅੱਗੇ ਫੈਲਣ ਤੋਂ ਰੋਕਣ ਲਈ ਵਿਸ਼ੇਸ਼ ਯਤਨ ਕੀਤੇ ਜਾ ਰਹੇ ਹਨ ।ਉਨ੍ਹਾਂ ਕਿਹਾ ਕਿ ਇਸ ਲਈ ਸਿਹਤ ਵਿਭਾਗ ਦੀਆਂ ਟੀਮਾਂ ਚੌਵੀ ਘੰਟੇ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ ।ਉਨ੍ਹਾਂ ਦੱਸਿਆ ਕਿ ਮੌਸਮ ਦੀ ਤਬਦੀਲੀ ਕਾਰਨ ਜ਼ਿਲ੍ਹੇ ਵਿੱਚ ਫਲੂ ਜਿਸ ਵਿੱਚ ਖੰਘ, ਜ਼ੁਕਾਮ ਤੇ ਬੁਖਾਰ ਦੇ ਲੱਛਣ ਹੁੰਦੇ ਹਨ , ਦੇ  ਆਮ ਮਰੀਜ਼ਾਂ ਨੂੰ ਆਪਣੇ ਇਲਾਜ ਵਿੱਚ ਪੇਸ਼ ਆ ਰਹੀ ਦਿੱਕਤ ਨੂੰ ਮੁੱਖ ਰੱਖਦਿਆਂ ਸਿਵਲ ਹਸਪਤਾਲ ਵਿਖੇ ਹੀ ਵਿਸ਼ੇਸ਼ ਫਲੂ ਕਾਰਨਰ ਦੀ ਸਥਾਪਨਾ ਕੀਤੀ ਗਈ ਹੈ ਜਿਸ ਵਿੱਚ ਇੱਕ ਮਾਹਰ ਡਾਕਟਰ ਅਤੇ ਪੂਰਾ ਸਟਾਫ ਹਾਜ਼ਰ ਰਹੇਗਾ ।ਉਨ੍ਹਾਂ ਦੱਸਿਆ ਕਿ ਫਲੂ ਕਾਰਨਰ ਸਵੇਰੇ 9 ਵਜੇ ਤੋਂ ਸ਼ਾਮ 3 ਵਜੇ ਤੱਕ ਕੰਮ ਕਰੇਗਾ ਅਤੇ ਇਸ ਵਿੱਚ ਜਾਣ ਵਾਲੇ ਮਰੀਜ਼ ਨੂੰ ਕਿਸੇ ਵੀ ਤਰ੍ਹਾਂ ਦੀ ਪਰਚੀ ਦੀ ਲੋੜ ਨਹੀਂ ਹੋਵੇਗੀ ।ਮਰੀਜ ਸਿੱਧਾ ਡਾਕਟਰ ਅਤੇ ਸਬੰਧਤ ਸਟਾਫ ਕੋਲ ਪੁੱਜ ਕੇ ਆਪਣੀ ਜਾਂਚ ਕਰਵਾਏਗਾ ।ਉਨ੍ਹਾਂ ਕਿਹਾ ਕਿ ਇਸ ਸਮੇਂ ਹੋਣ ਵਾਲੇ ਸਾਰੇ ਟੈਸਟ ਸਬੰਧਤ ਸਟਾਫ ਵੱਲੋਂ ਕਰਵਾਏ ਜਾਣਗੇ ਅਤੇ ਮਰੀਜ਼ ਨੂੰ ਜਾਂਚ ਉਪਰੰਤ ਦਵਾਈ ਦਿੱਤੀ ਜਾਵੇਗੀ ।ਉਨ੍ਹਾਂ ਦੱਸਿਆ ਕਿ ਇਸ ਸ਼੍ਰੇਣੀ ਵਿੱਚ ਉਹ ਮਰੀਜ਼ ਆਉਣਗੇ ਜਿਨ੍ਹਾਂ ਦੀ ਕੋਈ ਵੀ ਟ੍ਰੈਵਲ ਹਿਸਟਰੀ ਨਹੀਂ ਹੋਵੇਗੀ ਅਤੇ ਨਾ ਹੀ ਕਿਸੇ ਕਰੋਨਾ ਪਾਜਿਟਿਵ ਮਰੀਜ਼ ਦੇ ਸੰਪਰਕ ਵਿੱਚ ਆਏ ਹੋਣ ਅਤੇ ਉਨ੍ਹਾਂ ਨੂੰ ਰੁਟੀਨ ਵਿੱਚ ਖੰਘ ਜ਼ੁਕਾਮ ਜਾਂ ਬੁਖਾਰ ਹੋਵੇ ਉਹ ਇਸ ਕਲੀਨਿਕ ਵਿੱਚ ਪਹੁੰਚ ਕੇ ਆਪਣਾ ਇਲਾਜ ਕਰਵਾ ਸਕਦੇ ਹਨ।

ਜਿਲਾ  ਲੋਕ ਸੰਪਰਕ ਅਫਸਰ ਫਰੀਦਕੋਟ

- ਕੋਵਿਡ-19 ਤਹਿਤ ਅਨੰਦ ਗੋਇਲ ਦੇ ਕਰੀਬੀ 45 ਵਿਅਕਤੀਆਂ ਦੇ ਭੇਜੇ ਸੈਂਪਲ

- ਨਿਜ਼ਾਮੂਦੀਨ ਤਬਲੀਕੀ ਜਮਾਤ ਨਾਲ ਸਬੰਧਤ 14 ਵਿਅਕਤੀਆਂ ਟੈਸਟਿੰਗ ਲਈ ਵੀ ਭੇਜੇ ਗਏ ਸੈਂਪਲ

- ਸਿਹਤ ਵਿਭਾਗ ਨੇ ਨਾਮਜੱਦ ਕੀਤੇ ਵਿਅਕਤੀਆਂ ਨੂੰ ਇਕਾਂਤਵਾਸ ਵਿੱਚ ਰਹਿਣ ਦੀ ਕੀਤੀ ਅਪੀਲ

- ਕੰਟਰੋਲ ਰੂਮ ਨੰਬਰ 01639-250947 ਅਤੇ ਐਮਰਜੈਂਸੀ ਵਿੱਚ 108 ਤੇ  ਕਰੋ ਕਾਲ

ਫਰੀਦਕੋਟ ,6 ਅਪ੍ਰੈਲ( ) ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ, ਡਿਪਟੀ ਕਮਿਸ਼ਨਰ ਕੁਮਾਰ ਸੌਰਭ ਰਾਜ ਆਈ.ਏ.ਐਸ ਅਤੇ ਡਾ.ਰਾਜਿੰਦਰ ਕੁਮਾਰ ਸਿਵਲ ਸਰਜਨ ਫਰੀਦਕੋਟ ਦੀ ਯੋਗ ਅਗਵਾਈ ਹੇਠ ਨੋਵਲ ਕੋਰੋਨਾ ਵਾਇਰਸ ਨਾਲ ਨੱਜਿਠਣ ਲਈ ਸਿਹਤ ਵਿਭਾਗ ਫਰੀਦਕੋਟ ਵੱਖ-ਵੱਖ ਅਧਿਕਾਰੀਆਂ ਅਤੇ ਕਰਮਚਾਰੀ ਤਨਦੇਹੀ ਨਾਲ ਆਪਣੀਆਂ ਡਿਊਟੀਆਂ ਨਿਭਾ ਰਹੇ ਹਨ ਅਤੇ ਸਿਹਤ ਵਿਭਾਗ ਵੱਲੋਂ ਸਟਾਫ ਨੂੰ ਵਿਸ਼ੇਸ਼ ਟਰੇਨਿੰਗ ਵੀ ਦਿੱਤੀ ਗਈ ਹੈ।

ਵਿਭਾਗ ਦੀਆਂ ਗਠਿਤ ਮਲਟੀਪਰਪਜ਼ ਹੈਲਥ ਵਰਕਰਜ਼ ਅਤੇ ਏ.ਐਨ.ਐਮ ਦੀਆਂ 8 ਆਰ.ਆਰ.ਟੀ ਟੀਮਾਂ ਵੱਖ-ਵੱਖ ਇਲਾਕਿਆਂ ਖਾਸ ਕਰਕੇ ਫਰੀਦਕੋਟ ਦੇ ਕੋਰੋਨਾ ਵਾਇਰਸ ਦੇ ਪੋਜੇਟਿਵ ਆਏ ਕੇਸ ਅਨੰਦ ਗੋਇਲ ਦੇ ਰਿਹਾਇਸ਼ੀ ਇਲਾਕੇ ਹਰਿੰਦਰਾ ਨਗਰ ਦਾ ਸਰਵੇ ਕਰ ਰਹੇ ਹਨ ਅਤੇ ਇਸ ਇਲਾਕੇ ਨੂੰ ਜਿਲ੍ਹਾ ਪ੍ਰਸਾਸ਼ਨ ਵੱਲੋਂ ਸੀਲ ਕਰ ਦਿੱਤਾ ਗਿਆ ਹੈ ਅਤੇ ਕਿਸੇ ਵੀ ਵਿਅਕਤੀ ਨੂੰ ਇਸ ਇਲਾਕੇ ਅੰਦਰ ਜਾਣ ਦੀ ਆਗਿਆ ਨਹੀਂ ਦਿੱਤੀ ਜਾ ਰਹੀ ।ਸਿਹਤ ਵਿਭਾਗ ਦੀਆਂ ਟੀਮਾਂ ਬੜ੍ਹੀ ਹੀ ਮੁਸ਼ੱਕਤ ਨਾਲ ਇਸ ਪੋਜੇਟਿਵ ਕੇਸ ਦੇ ਸੰਪਰਕ ਵਿੱਚ ਆਏ ਵਿਅਕਤੀਆਂ ਦੀ ਸਕਰੀਨਿੰਗ ਕਰ ਉਹਨਾਂ ਦੇ ਲੱਛਣ ਦੇਖ ਇਕਾਂਤਵਾਸ ਵਿੱਚ ਰਹਿਣ ਦੀ ਸਲਾਹ ਦੇ ਰਹੇ ਹਨ ।

ਇਸ ਮੌਕੇ ਜਿਲ੍ਹਾ ਨੋਡਲ ਅਫਸਰ ਕੋਵਿਡ-19 ਡਾ. ਅਨੀਤਾ ਚੋਹਾਨ ਅਤੇ ਡਾ. ਵਿਕਰਮਜੀਤ ਸਿੰਘ ਨੇ ਕਿਹਾ ਕਿ ਫਰੀਦਕੋਟ ਵਿੱਚ ਅਜੇ ਤੱਕ ਇੱਕ ਕੇਸ ਹੀ ਪੋਜੇਟਿਵ ਆਇਆ ਹੈ , ਜਿਸ ਦੀ ਸਿਹਤ ਵਿੱਚ ਕਾਫੀ ਸੁਧਾਰ ਹੋ ਰਿਹਾ ਹੈ । ਉਹਨਾਂ ਅਪੀਲ ਕੀਤੀ ਕਿ ਲੋਕ ਆਪਣੇ-ਆਪਣੇ ਘਰਾਂ ਵਿੱਚ ਹੀ ਰਹਿਣ ਅਤੇ ਸਰਕਾਰ ਦਾ ਸਹਿਯੋਗ ਦੇਣ । ਉਹਨਾਂ ਦੱਸਿਆ ਕਿ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ਼ ਦੇ ਐਸ.ਪੀ.ਐਮ ਵਿਭਾਗ ਦੇ ਮੁਖੀ ਡਾ. ਸੰਜੇ ਗੁਪਤਾ ਦੀ ਟੀਮ ਦੇ ਸਹਿਯੋਗ ਨਾਲ ਪੋਜੇਟਿਵ ਆਏ ਮਰੀਜ਼  ਦੇ ਕਰੀਬੀ ਰਿਸ਼ਤੇਦਾਰ, ਵਪਾਰਕ ਸਾਂਝ ਅਤੇ ਖਾਸ ਕਰਕੇ ਉਸ ਵੱਲੋਂ ਆਪਣੇ ਨਜ਼ਦੀਕੀ ਦੁਆਰਾ ਆਯੋਜਿਤ ਕੀਤੀ ਸਾਲਗਿਰ੍ਹਾ ਪਾਰਟੀ ਵਿੱਚ ਭਾਗ ਲੈਣ ਵਾਲੇ ਸਾਰੇ ਹੀ ਮਿੱਤਰ-ਰਿਸ਼ਤੇਦਾਰਾਂ ਨਾਲ ਸੰਪਰਕ ਸਾਧਿਆ ਗਿਆ ਅਤੇ ਜਿਲ੍ਹਾ ਪੱਧਰੀ ਰੈਪਿਡ ਰਿਸਪੌਂਸ ਟੀਮ ਦੇ ਮੈਂਬਰ ਡਾ. ਪਰਮਜੀਤ ਬਰਾੜ, ਡਾ. ਮਨਪ੍ਰੀਤ ਕੌਰ, ਡਾ. ਰਵਿੰਦਰਜੀਤ ਪਾਲ ਕੌਰ ਸਰਾਂ ਅਤੇ ਹੋਰ ਪੈਰਾ-ਮੈਡੀਕਲ ਸਟਾਫ ਵੱਲੋਂ ਉਹਨਾਂ ਦੀ ਮੈਡੀਕਲ ਸਕਰੀਨਿੰਗ ਦੇ ਅਧਾਰ ਤੇ 45 ਵਿਅਕਤੀਆਂ ਦੇ ਸੈਂਪਲ ਲੈ ਕੇ ਲੈਬ ਵਿੱਚ ਟੈਸਟਿੰਗ ਲਈ ਭੇਜੇ ਗਏ ਹਨ, ਜਿਨ੍ਹਾਂ ਦੀ ਰਿਪੋਰਟ ਜਲਦ ਹੀ ਸਿਹਤ ਵਿਭਾਗ ਨੂੰ ਪ੍ਰਾਪਤ ਹੋ ਜਾਵੇਗੀ । ਕੋਵਿਡ-19 ਤਹਿਤ ਦੇਸ਼ਭਰ ਵਿੱਚ ਇੱਕ ਬਹੁਤ ਹੀ ਵੱਡਾ ਮੁੱਦਾ ਬਣਿਆ ਨਿਜ਼ਾਮੂਦੀਨ ਤਬਲੀਕੀ ਜਮਾਤ ਦੇ ਭਾਗੀਦਾਰ ਫਰੀਦਕੋਟ

ਵਿੱਚ ਵੀ ਇਸ ਜਮਾਤ ਨਾਲ ਸਬੰਧਤ ਕੁਝ ਵਿਅਕਤੀ ਸਾਹਮਣੇ ਆਏ ਜਿਨ੍ਹਾਂ ਦੀ ਸਕਰੀਨਿੰਗ ਕਰਕੇ ਉਹਨਾਂ ਨੂੰ ਸਥਾਨਕ ਈਦਗਾਹ ਵਿਖੇ ਇਕਾਂਤਵਾਸ ਵਿੱਚ ਰੱਖਿਆ ਗਿਆ ਹੈ ।ਇਸ ਜਮਾਤ ਨਾਲ ਸਬੰਧਤ ਅਤੇ ਉਹਨਾਂ ਦੇ ਸੰਪਰਕ ਵਿੱਚ ਆਏ ਵਿਅਕਤੀਆਂ ਦੇ ਸਿਹਤ ਵਿਭਾਗ ਦੀ ਟੀਮ ਵੱਲੋਂ ਸੈਂਪਲ ਇਕੱਤਰ ਕਰਕੇ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਸਰਕਾਰੀ ਮੈਡੀਕਲ ਕਾਲਜ਼ ਵਿਖੇ ਟੈਸਟਿੰਗ ਲਈ ਭੇਜ ਦਿੱਤੇ ਗਏ ਹਨ ।  ਸਿਹਤ ਵਿਭਾਗ ਵੱਲੋਂ ਸਾਰਿਆਂ ਨੂੰ ਅਪੀਲ ਹੈ ਕਿ ਕੋਵਿਡ-19 ਸਬੰਧੀ ਸਿਹਤ ਸੇਵਾਵਾਂ ਸਹੂਲਤਾਂ ਅਤੇ ਹੋਰ ਜਾਣਕਾਰੀ ਸਾਂਝੀ ਕਰਨ ਲਈ ਸਿਹਤ ਵਿਭਾਗ ਦੇ ਕੰਟਰੋਲ ਰੂਮ ਨੰਬਰ 01639-250947 ਅਤੇ ਕਿਸੇ ਵੀ ਐਮਰਜੈਂਸੀ ਲਈ 108 ਤੇ ਸੰਪਰਕ ਕੀਤਾ ਜਾ ਸਕਦਾ ਹੈ ।

ਪੰਜਾਬ ਸਰਕਾਰ ਵੱਲੋਂ ਜ਼ਰੂਰੀ ਵਸਤਾਂ ਦੀ ਨਿਰਵਿਘਨ ਆਵਾਜਾਈ ਯਕੀਨੀ ਬਣਾਉਣ ਲਈ ਟਰਾਂਸਪੋਰਟ ਕੰਟਰੋਲ ਰੂਮ ਸਥਾਪਤ

ਮੁੱਖ ਮੰਤਰੀ ਵੱਲੋਂ ਜਮਾਂਖੋਰੀ ਕਰਨ ਵਾਲਿਆਂ ’ਤੇ ਸਖ਼ਤ ਕਾਰਵਾਈ ਦੇ ਹੁਕਮ, ਐਮ.ਆਰ.ਪੀ. ਤੋਂ ਵੱਧ ਕੀਮਤ ’ਤੇ ਵਸਤਾਂ ਵੇਚਣ ਵਾਲੇ ਨੂੰ 1.85 ਲੱਖ ਰੁਪਏ ਜੁਰਮਾਨਾ ਲਾਉਣ ਦਾ ਫੈਸਲਾ

ਕੈਪਟਨ ਅਮਰਿੰਦਰ ਸਿੰਘ ਸਰਕਾਰ ਨੇ ਕਮੀ ਵਾਲੇ ਸੂਬਿਆਂ ਨੂੰ ਅਨਾਜ ਅਤੇ ਹੋਰ ਜ਼ਰੂਰੀ ਵਸਤਾਂ ਦੀ ਸਪਲਾਈ 50 ਫੀਸਦੀ ਤੱਕ ਵਧਾਈ

•ਫਰੀਦਕੋਟ (ਫਰੀਦਕੋਟ, ਮੁਕਤਸਰ ਤੇ ਮੋਗਾ) ਨਾਲ ਸੰਬੰਧਿਤ 9872676005 ਤੇ 9914105200, ਤੇ ਕਰ ਸਕਦੇ ਹਨ ਸੰਪਰਕ।

ਫਰੀਦਕੋਟ/ਚੰਡੀਗੜ 6 ਅਪ੍ਰੈਲ ()

ਪੰਜਾਬ ਸਰਕਾਰ ਨੇ ਲੋਕਾਂ ਨੂੰ ਜ਼ਰੂਰੀ ਵਸਤਾਂ ਦੀ ਨਿਰਵਿਘਨ ਸਪਲਾਈ  ਯਕੀਨੀ ਬਣਾਉਣ ਲਈ ਕੁਝ ਨਵੇਂ ਕਦਮ ਚੁੱਕਦਿਆਂ ਆਵਾਜਾਈ ਦੀ ਸਹੂਲਤ ਲਈ ਕੰਟਰੋਲ ਰੂਮ ਕਾਇਮ ਕੀਤੇ ਹਨ ਤਾਂ ਕਿ ਅਜਿਹੀਆਂ ਵਸਤਾਂ ਨੂੰ ਲਿਜਾਣ ਵਾਲੇ

ਟੱਰਕਾਂ ਆਦਿ ਵਾਹਨਾਂ ਦੀ ਨਿਰੰਤਰ ਆਵਾਜਾਈ ਬਰਕਰਾਰ ਰੱਖੀ ਜਾ ਸਕੇ। ਇਸੇ ਦੇ ਨਾਲ ਹੀ ਜ਼ਰੂਰੀ ਵਸਤਾਂ ਨੂੰ ਪ੍ਰਚੂਨ ਦੀ ਵੱਧ ਤੋਂ ਵੱਧ ਕੀਮਤ (ਐਮ.ਆਰ.ਪੀ.) ਤੋਂ ਜ਼ਿਆਦਾ ਕੀਮਤ ’ਤੇ ਵੇਚਣ ਵਾਲੇ ਨੂੰ 1.85 ਲੱਖ ਰੁਪਏ ਜੁਰਮਾਨਾ ਲਾਉਣ ਦਾ ਫੈਸਲਾ ਕੀਤਾ ਗਿਆ ਹੈ।

ਇਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਕੇਂਦਰੀ ਟਰਾਂਸਪੋਰਟ ਰੂਮ ਦੇ ਮੁਖੀ ਸਟੇਟ ਟਰਾਂਸਪੋਰਟ ਕਮਿਸ਼ਨਰ ਹੋਣਗੇ ਜਦਕਿ ਜ਼ਿਲਿਆਂ ਵਿੱਚ ਸਥਾਪਤ ਅਜਿਹੇ ਕੰਟਰੋਲ ਰੂਮਜ਼ ਦੀ ਕਮਾਂਡ ਸਕਤੱਰ ਅਤੇ ਆਰ.ਟੀ.ਏ. ਦੇ ਹੱਥਾਂ ਵਿੱਚ ਹੋਵੇਗੀ।

ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੇ ਹੁਕਮਾਂ ਤਹਿਤ ਟਰਾਂਸਪੋਰਟ ਵਿਭਾਗ ਨੇ ਹੋਰ ਸੂਬਿਆਂ ਨੂੰ ਵੀ ਸਪਲਾਈ ਵਧਾ ਦਿੱਤੀ ਹੈ। ਇਨਾਂ ਸੂਬਿਆਂ ਵਿੱਚ ਅਨਾਜ ਅਤੇ ਹੋਰ ਵਸਤਾਂ ਦੀ ਕਮੀ ਹੈ। ਬੁਲਾਰੇ ਨੇ ਦੱਸਿਆ ਕਿ ਇਨਾਂ ਵਸਤਾਂ ਦੀ ਕਮੀ ਵਾਲੇ ਸੂਬਿਆਂ ਵਿੱਚ ਸਟਾਕ ਲਿਜਾਣ ਦੀ ਗਤੀ ਆਮ ਨਾਲੋਂ ਲਗਪਗ 50 ਫੀਸਦੀ ਤੱਕ ਵਧ ਗਈ ਹੈ। ਬੁਲਾਰੇ ਨੇ ਦੱਸਿਆ ਕਿ ਕਣਕ/ਚਾਵਲ ਦੇ ਲਗਪਗ 20-25 ਰੈਕ ਜਿਨਾਂ ਵਿੱਚ 54000-67000 ਟਨ ਅਨਾਜ ਤੇ ਹੋਰ ਸਾਮਾਨ ਹੁੰਦਾ ਹੈ, ਰੋਜ਼ਾਨਾ ਇਨਾਂ ਸੂਬਿਆਂ ਨੂੰ ਭੇਜਿਆ ਜਾ ਰਿਹਾ ਹੈ।

ਮੁੱਖ ਮੰਤਰੀ ਨੇ ਸ਼ਨਿਚਰਵਾਰ ਨੂੰ ਮੰਤਰੀ ਮੰਡਲ ਦੀ ਮੀਟਿੰਗ ਵਿੱਚ ਸਾਰੀਆਂ ਜ਼ਰੂਰੀ ਵਸਤਾਂ ਦੀਆਂ ਕੀਮਤਾਂ ’ਤੇ ਨਿਗਾਂ ਰੱਖਣ ਲਈ ਸਖਤ ਨਿਰਦੇਸ਼ ਜਾਰੀ ਕੀਤੇ ਸਨ ਅਤੇ ਜਮਾਂਖੋਰੀ, ਵੱਧ ਕੀਮਤ ਵਸੂਲਣ ਵਾਲਿਆਂ ਖਿਲਾਫ ਕਰੜੀ ਕਾਰਵਾਈ ਕਰਨ ਲਈ ਕਿਹਾ ਸੀ।

ਖੁਰਾਕ ਤੇ ਸਿਵਲ ਸਪਲਾਈ ਦੇ ਪ੍ਰਮੁੱਖ ਸਕੱਤਰ ਨੇ ਮੰਤਰੀ ਮੰਡਲ ਨੂੰ ਦੱਸਿਆ ਸੀ ਕਿ ਸਾਰੀਆਂ ਵਸਤਾਂ ਖਾਸ ਕਰ ਕੇ ਖਾਣ ਵਾਲੀਆਂ ਵਸਤਾਂ ਜਿਵੇਂ ਕਣਕ/ਆਟਾ, ਚੌਲ, ਦਾਲ, ਖਾਣਾ ਬਣਾਉਣ ਵਾਲੇ ਤੇਲ, ਮਸਾਲਾ, ਸਬਜ਼ੀਆਂ ਦੇ ਨਾਲ-ਨਾਲ ਮਾਸਕ ਤੇ ਸੈਨੀਟਾਈਜ਼ਰ ਉਤੇ ਬਾਰੀਕੀ ਨਾਲ ਨਜ਼ਰ ਰੱਖੀ ਜਾ ਰਹੀ ਹੈ। ਉਨਾਂ ਦੱਸਿਆ ਕਿ ਸਪਲਾਈ ਲਾਈਨ ਜਾਰੀ ਰੱਖਣ ਵਿੱਚ ਪੇਸ਼ ਆ ਰਹੀਆਂ ਮੁਸ਼ਕਲਾਂ ਦੇਖਣ ਤੋਂ ਇਲਾਵਾ ਕਰ ਤੇ ਆਬਾਕਾਰੀ ਵਿਭਾਗ ਵੱਲੋਂ ਡਾਟਾ ਇਕੱਠਾ ਕਰਨ, ਰਿਲਾਇੰਸ ਫਰੈਸ਼, ਵਾਲਮਾਰਟ, ਬਿੱਗ ਬਾਜ਼ਾਰ ਜਿਹੇ ਪ੍ਰਚੂਨ ਵਿਕਰੇਤਾਵਾਂ ਨਾਲ ਨੈਟਵਰਕ ਸਥਾਪਤ ਕਰਨ ਉਤੇ ਲਗਾਤਾਰ ਨਜ਼ਰ ਰੱਖੀ ਜਾ ਰਹੀ ਹੈ।

ਜ਼ਰੂਰੀ ਵਸਤਾਂ ਦੀ ਨਿਰਵਿਘਨ ਸਪਲਾਈ ਲਈ ਕੇਂਦਰੀ ਖਪਤਕਾਰ ਮਾਮਲੇ, ਪੈਟਰੋਲੀਅਮ ਤੇ ਕੁਦਰਤੀ ਗੈਸ ਮੰਤਰਾਲੇ ਨਾਲ ਲਗਾਤਾਰ ਰਾਬਤਾ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਪੁਲਿਸ ਅਤੇ ਖੁਰਾਕ ਤੇ ਸਿਵਲ ਸਪਲਾਈ ਵਿਭਾਗਾਂ ਦੇ ਨੋਡਲ ਅਫਸਰ ਜ਼ਰੂਰੀ ਵਸਤਾਂ ਦੀ ਅੰਤਰ ਰਾਜੀ ਅਤੇ ਸੂਬੇ ਅੰਦਰ ਆਉਣ-ਜਾਣ ਸਪਲਾਈ ਨੂੰ ਸੁਵਿਧਾ ਦਿੰਦੇ ਹੋਏ ਪੂਰਾ ਤਾਲਮੇਲ ਰੱਖ ਰਹੇ ਹਨ।

ਨਵੇਂ ਬਣਾਏ ਗਏ ਟਰਾਂਸਪੋਰਟ ਕੰਟਰੋਲ ਰੂਮਜ਼ ਸੂਬੇ ਅੰਦਰ ਟਰੱਕ ਆਪਰੇਟਰਾਂ ਤੇ ਡਰਾਈਵਰਾਂ ਨੂੰ ਉਨਾਂ ਦੇ ਖਾਲੀ ਤੇ ਭਰੇ ਹੋਏ ਟਰੱਕਾਂ ਨੂੰ ਜ਼ਰੂਰੀ ਵਸਤਾਂ ਦੇ ਆਉਣ-ਜਾਣ ਲਈ ਮਦਦਗਾਰ ਸਾਬਤ ਹੋ ਰਹੇ ਹਨ। ਇਹ ਕੰਟਰੋਲ ਰੂਮ ਵੱਖ-ਵੱਖ ਅਥਾਰਟੀਆਂ ਨਾਲ ਤਾਲਮੇਲ ਸਥਾਪਤ ਕਰ ਰਹੇ ਹਨ ਤਾਂ ਜੋ ਇਨਾਂ ਨੂੰ ਕਿਸੇ ਕਿਸਮ ਦੀ ਸਮੱਸਿਆ ਨਾ ਆਵੇ। ਇਹ ਪੰਜਾਬ ਦੇ ਉਨਾਂ ਟਰੱਕਾਂ ਦੀ ਵੀ ਸਬੰਧਤ

ਸੂਬਿਆਂ ਦੀ ਅਥਾਰਟੀਆਂ ਨਾਲ ਤਾਲਮੇਲ ਸਥਾਪਤ ਕਰ ਕੇ ਮੱਦਦ ਕਰ ਰਹੇ ਹਨ ਜਿਹੜੇ ਭਾਰਤ ਦੇ ਕਿਸੇ ਵੀ ਹਿੱਸੇ ਵਿੱਚ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਹਨ।

ਬੁਲਾਰੇ ਨੇ ਦੱਸਿਆ ਕਿ ਇਸੇ ਤਰਾਂ ਇਹ ਕੰਟਰੂਲ ਰੂਮ ਪੰਜਾਬ ਤੋਂ ਬਾਹਰ ਦੇ ਵਪਾਰੀਆਂ, ਜ਼ਰੂਰੀ ਵਸਤਾਂ ਤਿਆਰ ਕਰਨ ਵਾਲੇ ਨਿਰਮਾਤਾਵਾਂ ਦੀ ਵੀ ਇਨਾਂ ਵਸਤਾਂ ਨੂੰ ਖਪਤ ਵਾਲੀਆਂ ਥਾਵਾਂ ਤੱਕ ਟਰੱਕਾਂ ਰਾਹੀ ਲਿਜਾਣ ਵਿੱਚ ਵੀ ਮਦਦਗਾਰ ਸਾਬਤ ਹੋ ਰਹੇ ਹਨ।

ਬੁਲਾਰੇ ਨੇ ਦੱਸਿਆ ਕਿ ਰਾਜ ਕੰਟਰੋਲ ਰੂਮ ਦੀ ਸਥਾਪਨਾ ਚੰਡੀਗੜ ਵਿਖੇ ਮੋਬਾਈਲ ਨੰਬਰ 9814078544 ਅਤੇ 9023459522 ਨਾਲ ਕੀਤੀ ਗਈ ਹੈ। ਜ਼ਿਲਿਆਂ ਵਿੱਚ, ਅੰਮ੍ਰਿਤਸਰ (ਅੰਮ੍ਰਿਤਸਰ ਅਤੇ ਤਰਨ ਤਾਰਨ) ਦਾ ਟਰਾਂਸਪੋਰਟ ਰੂਮ ਖੇਤਰੀ ਟ੍ਰਾਂਸਪੋਰਟ ਅਥਾਰਟੀਜ਼ (ਆਰਟੀਏ) ਵਿਖੇ ਮੋਬਾਈਲ ਨੰਬਰ 9814255623 ਅਤੇ 8872383600 ਨਾਲ, ਬਠਿੰਡਾ (ਬਠਿੰਡਾ ਤੇ ਮਾਨਸਾ) ਦੇ ਸੰਪਰਕ ਨੰਬਰ 9779700074 ਅਤੇ 7508732655, ਫਰੀਦਕੋਟ (ਫਰੀਦਕੋਟ, ਮੁਕਤਸਰ ਤੇ ਮੋਗਾ) ਦੇ 9872676005 ਤੇ 9914105200, ਫਿਰੋਜ਼ਪੁਰ (ਫਿਰੋਜਪੁਰ ਤੇ ਫਾਜ਼ਿਲਕਾ) ਦੇ 8146852748 ਤੇ 7889221313, ਗੁਰਦਾਸਪੁਰ (ਗੁਰਦਾਸਪੁਰ ਤੇ ਪਠਾਨਕੋਟ) ਦੇ 7340701977 ਤੇ 8288008751 , ਜਲੰਧਰ (ਜਲੰਧਰ ਅਤੇ ਕਪੂਰਥਲਾ) ਦੇ 9872413497 ਤੇ 9815256996, ਲੁਧਿਆਣਾ ਦੇ 9888405018 ਤੇ 8528214311, ਪਟਿਆਲਾ (ਪਟਿਆਲਾ ਤੇ ਫਤਿਹਗੜ ਸਾਹਿਬ) ਦੇ

8360417470 ਤੇ 9501032006, ਐਸ.ਏ.ਐਸ.ਨਗਰ (ਐਸ.ਏ.ਐੱਸ. ਨਗਰ ਤੇ ਰੋਪੜ) ਦੇ 8853400000 ਤੇ 8427820090 ਅਤੇ ਸੰਗਰੂਰ (ਸੰਗਰੂਰ ਤੇ ਬਰਨਾਲਾ) ਦੇ 9814069272 ਤੇ 9814700505 ਦੇ ਸੰਪਰਕ ਨੰਬਰਾਂ ਨਾਲ ਕੰਟਰੋਲ ਰੂਮ ਸਥਾਪਤ ਕੀਤੇ ਗਏ। ਬੁਲਾਰੇ ਨੇ ਦੱਸਿਆ ਕਿ ਵਾਹਨ ਚਾਲਕ/ਡਰਾਈਵਰ ਰਸਤੇ ਵਿੱਚ ਖਾਣੇ ਦੀ ਉਪਲਬਧਤਾ, ਰਹਿਣ-ਸਹਿਣ ਅਤੇ ਉਨਾਂ ਦੇ ਵਾਹਨ ਚਲਾਉਣ ਸਬੰਧੀ ਸਹਾਇਤਾ ਲਈ ਇਨਾਂ ਕੰਟਰੋਲ ਰੂਮਾਂ ਨਾਲ ਸੰਪਰਕ ਕਰ ਸਕਦੇ ਹਨ।